# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 18-06-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੀ ਐਮ ਕਿਸਾਨ ਸੰਮਾਨ ਨਿਧੀ ਤਹਿਤ ਕੋਈ 9 ਕਰੋੜ 26 ਲੱਖ ਲਾਭਪਾਤਰੀ ਕਿਸਾਨਾਂ ਨੂੰ 20 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ 17ਵੀਂ ਕਿਸ਼ਤ ਜਾਰੀ ਕੀਤੀ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਨੁਸਾਰ ਸੂਬੇ ਵਿੱਚੋਂ ਨਸ਼ੇ ਦੇ ਸਰਾਪ ਦੇ ਖ਼ਾਤਮੇ ਲਈ ਸਰਕਾਰ ਨੇ ਬਹੁ-ਦਿਸ਼ਾਵੀ ਰਣਨੀਤੀ ਉਲੀਕੀ ਏ।
- ਮੌਸਮ ਵਿਭਾਗ ਨੇ 13 ਜ਼ਿਲ੍ਹਿਆਂ ਵਿੱਚ ਹੀਟ ਵੇਵ ਦਾ ਆਰੇਂਜ ਅਲਰਟ ਅਤੇ 10 ਜ਼ਿਲ੍ਹਿਆਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਏ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਪਣੇ ਸੰਸਦੀ ਖੇਤਰ ਵਾਰਾਣਸੀ ਵਿੱਚ ਆਯੋਜਿਤ ਪ੍ਰਧਾਨ ਮੰਤਰੀ ਕਿਸਾਨ ਸੰਮਾਨ ਸੰਮੇਲਨ ਵਿੱਚ ਹਿੱਸਾ

ਲਿਆ ਅਤੇ ਡੀ ਬੀ ਟੀ ਰਾਹੀਂ ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ ਤਹਿਤ ਕੋਈ 9 ਕਰੋੜ 26 ਲੱਖ ਲਾਭਪਾਤਰੀ ਕਿਸਾਨਾਂ ਨੂੰ 20 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ 17ਵੀਂ ਕਿਸ਼ਤ ਜਾਰੀ ਕੀਤੀ। ਆਪਣੇ ਸੰਬੋਧਨ ਵਿਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਰਕਾਰ ਬਣਾਉਣ ਲਈ ਤੀਜੀ ਵਾਰ ਉਨਾਂ ਤੇ ਭਰੋਸਾ ਪ੍ਰਗਟਾਉਣ ਲਈ ਲੋਕਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਭਰੋਸਾ ਹੀ ਉਨਾਂ ਦੀ ਪੂੰਜੀ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਸਾਨ, ਨੌਜਵਾਨ, ਨਾਰੀ ਸ਼ਕਤੀ ਅਤੇ ਗਰੀਬ ਨੂੰ ਵਿਕਸਿਤ ਭਾਰਤ ਦਾ ਇਕ ਮਜਬੂਤ ਥਮ ਦੱਸਿਆ।

----------------------------------------------------

ਇਸ ਦੌਰਾਨ ਉਘੇ ਖੇਤੀ ਮਾਹਿਰ ਡਾ: ਸੰਤ ਕੁਮਾਰ ਚੌਧਰੀ ਨੇ ਕਿਹਾ ਏ ਕਿ ਸਰਕਾਰ ਦੀ ਤਰਜੀਹ ਖੇਤੀਬਾੜੀ ਏ।

----------------------------------------------------

ਪੰਜਾਬ ਵਿੱਚ ਨਸ਼ਿਆਂ ਦੇ ਖ਼ਤਰੇ ਨਾਲ ਨਜਿਠਣ ਦੀ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸੂਬੇ ਵਿੱਚੋਂ ਇਸ ਸਰਾਪ ਦੇ ਖ਼ਾਤਮੇ ਲਈ ਪੰਜਾਬ ਸਰਕਾਰ ਨੇ

ਬਹੁ-ਦਿਸ਼ਾਵੀ ਰਣਨੀਤੀ ਉਲੀਕੀ ਏ । ਚੰਡੀਗੜ੍ਹ ਵਿਚ ਅੱਜ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਕਿਹਾ ਕਿ ਸੂਬੇ ਦੀ ਪੁਲਿਸਿੰਗ ਵਿੱਚ ਸਰਕਾਰ ਕਈ ਸੁਧਾਰ ਲਿਆਉਣ ਜਾ ਰਹੀ ਏ । ਉਨ੍ਹਾਂ ਕਿਹਾ ਕਿ ਇਹ ਧਿਆਨ ਵਿੱਚ ਆਇਆ ਏ ਕਿ ਹੇਠਲੇ ਪੱਧਰ ਦੇ ਕਈ ਪੁਲਿਸ ਮੁਲਾਜ਼ਮਾਂ ਦੀ ਨਸ਼ਾ ਤਸਕਰਾਂ ਨਾਲ ਗੰਢ-ਤੁੱਪ ਏ ਅਤੇ ਅਹਿਮ ਪਹਿਲਕਦਮੀ ਕਰਦਿਆਂ ਸਰਕਾਰ ਨੇ ਦਰਜਾਬੰਦੀ ਵਿੱਚ ਸੱਭ ਤੋਂ ਹੇਠਲੇ ਪੱਧਰ ਤੇ ਆਉਂਦੇ ਅਤੇ ਲੰਮੇ ਸਮੇਂ ਤੋਂ ਇਕੋ ਥਾਈਂ ਤਾਇਨਾਤ 10 ਹਜ਼ਾਰ ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀਆਂ ਬਦਲੀਆਂ ਕੀਤੀਆਂ ਨੇ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਦੀ ਸਮਗਲਿੰਗ ਨੂੰ ਠੱਲ੍ਹ ਪਾਉਣ ਲਈ ਕਦਮ ਚੁੱਕਿਆ ਗਿਆ ਏ ਅਤੇ ਪੁਲਿਸ ਵਿਭਾਗ ਵਿਚਲੀਆਂ ਕਾਲੀਆਂ ਭੇਡਾਂ ਦੀ ਸ਼ਨਾਖ਼ਤ ਕਰਕੇ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ।

---------------------------------------------------------

ਡਿਪਟੀ ਕਮਿਸ਼ਨਰ ਦਫ਼ਤਰ ਲੁਧਿਆਣਾ ਵਿਖੇ ਅੱਜ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਸਵਾਗਤ ਤੇ ਸਹਾਇਤਾ ਕੇਂਦਰ' ਦਾ ਉਦਘਾਟਨ

ਕੀਤਾ। ਇਸ ਮੌਕੇ ਉਨਾਂ ਕਿਹਾ ਕਿ ਇੱਕ ਸਮਰਪਿਤ ਟੀਮ ਆਮ ਲੋਕਾਂ ਨੂੰ ਉਨ੍ਹਾਂ ਦੇ ਰੋਜ਼ਮਰਾ ਪ੍ਰਸ਼ਾਸਕੀ ਕੰਮਾਂ ਨੂੰ ਕਰਵਾਉਣ ਲਈ ਸਹੂਲਤ ਦੇਵੇਗੀ ਤਾਂ ਜੋ ਲੋਕਾਂ ਨੂੰ ਲੰਬੇ ਸਮੇਂ ਤੱਕ ਇੰਤਜ਼ਾਰ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਇਹ ਕੇਂਦਰ ਉਨ੍ਹਾਂ ਦੇ ਦਫ਼ਤਰ ਦੇ ਬਿਲਕੁਲ ਬਾਹਰ ਸਥਾਪਿਤ ਕੀਤਾ ਗਿਆ ਏ ਅਤੇ ਸੀ.ਸੀ.ਟੀ.ਵੀ. ਰਾਹੀਂ ਉਹ ਸਾਰੀਆਂ ਗਤੀਵਿਧੀਆਂ ਦੀ ਨਿਗਰਾਨੀ ਕਰਨਗੇ। ਸਾਕਸ਼ੀ ਸਾਹਨੀ ਨੇ ਕਿਹਾ ਕਿ ਆਮ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਪ੍ਰਭਾਵੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ ਜ਼ਿਲ੍ਹਾ ਪ੍ਰਸ਼ਾਸਨ ਦਾ ਫਰਜ਼ ਬਣਦਾ ਏ। ਉਨ੍ਹਾਂ ਕਿਹਾ ਕਿ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਏ ਕਿ ਉਹ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਸਾਰੀਆਂ ਨਾਗਰਿਕ ਕੇਂਦਰਿਤ ਸੇਵਾਵਾਂ ਦੀ ਨਿਰਵਿਘਨ ਡਿਲੀਵਰੀ ਯਕੀਨੀ ਬਣਾਉਣ।

---------------------------------------------------

ਵਿਸ਼ਵੀਕਰਨ ਦੇ ਅਜੋਕੇ ਦੌਰ ਵਿੱਚ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਕੁਟੀਰ, ਸੂਖਮ, ਲਘੂ ਅਤੇ ਦਰਮਿਆਨੇ ਉਦਯੋਗਾਂ ਦੀ ਤਰੱਕੀ ਅਤੇ ਬਿਹਤਰੀ ਲਈ ਯਤਨਸ਼ੀਲ ਦੇਸ਼ ਦੀ ਸਭ ਤੋਂ ਵੱਡੀ ਉੱਦਮੀ

ਸੰਸਥਾ ਲਘੂ ਉਦਯੋਗ ਭਾਰਤੀ ਵੱਲੋਂ ਆਲ ਇੰਡੀਆ ਪ੍ਰਧਾਨ ਘਣਸ਼ਿਆਮ ਓਝਾ ਤੇ ਜਨਰਲ ਸਕੱਤਰ ਡਾ. ਓਮ ਪ੍ਰਕਾਸ਼ ਗੁਪਤਾ ਦੀ ਅਗਵਾਈ ਹੇਠ 21 ਜੂਨ ਤੱਕ ਸਾਰੇ ਰਾਜ ਮੁਖੀਆਂ ਰਾਹੀਂ "ਪ੍ਰੀ-ਬਜਟ ਸੁਝਾਅ" ਮੰਗੇ ਗਏ ਨੇ। ਲਘੂ ਉਦਯੋਗ ਭਾਰਤੀ ਦੇ ਆਲ ਇੰਡੀਆ ਮੀਤ ਪ੍ਰਧਾਨ ਅਰਵਿੰਦ ਧੂਮਲ ਤੇ ਸੂਬਾ ਮੀਤ ਪ੍ਰਧਾਨ ਵਿਕਰਾਂਤ ਸ਼ਰਮਾ ਨੇ ਦੱਸਿਆ ਕਿ ਵਿੱਤ ਮੰਤਰਾਲੇ ਵਿੱਚ ਕੇਂਦਰੀ ਬਜਟ 2024-25 ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਨੇ ਅਤੇ ਹਰ ਸਾਲ ਵਾਂਗ ਇਸ ਵਾਰ ਵੀ ਲਘੂ ਉਦਯੋਗ ਭਾਰਤੀ ਤੋਂ ਸੁਝਾਅ ਮੰਗੇ ਗਏ ਨੇ। ਦੇਸ਼ ਭਰ ਤੋਂ ਮਿਲਣ ਵਾਲੇ ਸੁਝਾਵਾਂ ਨੂੰ ਇਕੱਠਾ ਕਰਕੇ ਕੇਂਦਰੀ ਵਿੱਤ ਮੰਤਰੀ ਨਾਲ ਪ੍ਰਸਤਾਵਿਤ ਮੀਟਿੰਗ ਵਿੱਚ ਇੱਕ ਮੰਗ ਪੱਤਰ ਤਿਆਰ ਕਰਕੇ ਵਿਚਾਰਿਆ ਜਾਵੇਗਾ ਅਤੇ ਇੱਕ ਕੌਮੀ ਤੇ ਲੋਕ ਪੱਖੀ ਬਜਟ ਤਿਆਰ ਕਰਨ ਦਾ ਸਾਰਥਕ ਯਤਨ ਕੀਤਾ ਜਾਵੇਗਾ।

---

ਪਿਛਲੇ ਸਾਲਾਂ ਵਾਂਗ ਇਸ ਵਾਰ ਵੀ 21 ਜੂਨ ਨੂੰ ਆ ਰਹੇ ਕੌਮਾਂਤਰੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ।

ਆਮ ਲੋਕ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾ ਕੇ ਜ਼ਿੰਦਗੀ ਨੂੰ ਸੁਖਾਲਾ ਬਣਾ ਰਹੇ ਨੇ ਅਤੇ ਹੋਰਨਾਂ ਨੂੰ ਵੀ ਅਜਿਹਾ ਹੀ ਕਰਨ ਦੀ ਅਪੀਲ ਕਰ ਰਹੇ ਨੇ। ਹੁਸ਼ਿਆਰਪੁਰ, ਮਾਨਸਾ ਅਤੇ ਮੋਗਾ ਦੇ ਅਜਿਹੇ ਹੀ ਵਸਨੀਕਾਂ ਦਾ ਕਹਿਣਾ ਏ।

---------------------------------------------------------------

ਭਾਰਤ-ਪਾਕਿਸਤਾਨ ਨੂੰ ਵੰਡਣ ਵਾਲੀ ਕੌਮਾਂਤਰੀ ਅਟਾਰੀ ਸਰਹੱਦ ‘ਤੇ ਰੋਜ਼ਾਨਾ ਹਜ਼ਾਰਾਂ ਲੋਕ ਰੀਟਰੀਟ ਸਮਾਰੋਹ ਦੇਖਣ ਲਈ ਪਹੁੰਚਦੇ ਨੇ। ਬੀ. ਐਸ. ਐਫ. ਨੇ ਵਧਦੀ ਗਰਮੀ ਦੇ ਮੱਦੇਨਜ਼ਰ ਅਟਾਰੀ ਬਾਰਡਰ ‘ਤੇ ਰੀਟਰੀਟ ਸਮਾਰੋਹ ਦਾ ਸਮਾਂ ਹੁਣ ਸ਼ਾਮ 6 ਵਜੇ ਤੋਂ ਬਦਲ ਕੇ ਸ਼ਾਮ ਸਾਢੇ 6 ਵਜੇ ਕਰ ਦਿੱਤਾ ਏ।

---------------------------------------------------------------

ਪੰਜਾਬ ਵਿਚ ਅੱਤ ਦੀ ਗਰਮੀ ਤੇ ਵਗਦੀ ਲੂ ਨੇ ਮਨੁੱਖਾਂ ਦੇ ਨਾਲ ਨਾਲ ਪੰਛੀਆਂ ਤੇ ਜਾਨਵਰਾਂ ਦਾ ਵੀ ਜੀਣਾ ਮੁਹਾਲ ਕੀਤਾ ਹੋਇਆ ਏ। ਦਿਨ ਹੀ ਨਹੀਂ ਸਗੋਂ ਰਾਤ ਨੂੰ ਵੀ ਗਰਮੀ ਚੈਨ ਨਹੀਂ ਲੈਣ ਦੇ ਰਹੀ ਏ। ਜ਼ਿਆਦਾਤਰ ਜ਼ਿਲਿਆਂ ਵਿਚ ਤਾਪਮਾਨ 42 ਡਿਗਰੀ ਸੈਲਸੀਅਸ ਤੋਂ

ਉਪਰ ਚਲ ਰਿਹਾ ਏ। ਮੌਸਮ ਵਿਭਾਗ ਨੇ ਅੱਜ 13 ਜ਼ਿਲ੍ਹਿਆਂ ਵਿੱਚ ਹੀਟ ਵੇਵ ਦਾ ਆਰੇਂਜ ਤੇ 10 ਜ਼ਿਲ੍ਹਿਆਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਏ। ਇਸ ਦੇ ਨਾਲ ਹੀ 30-40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਹਵਾਵਾਂ ਚੱਲਣ ਦੀ ਸੰਭਾਵਨਾ ਏ। ਹਾਲਾਂਕਿ 19 ਤੋਂ 21 ਜੂਨ ਦਰਮਿਆਨ ਪੱਛਮੀ ਗੜਬੜੀ ਦੇ ਸਰਗਰਮ ਹੋਣ ਕਾਰਨ ਬੂੰਦਾ-ਬਾਂਦੀ ਹੋ ਸਕਦੀ ਏ। ਗਰਮੀ ਨੂੰ ਲੈ ਕੇ ਪਰੇਸ਼ਾਨ ਵੱਖ ਵੱਖ ਜ਼ਿਲਿਆਂ ਦੇ ਲੋਕਾਂ ਦਾ ਕਹਿਣਾ ਏ ਗਰਮੀ ਤੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ।

---

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੱਜ ਅੰਮ੍ਰਿਤਸਰ ਵਿਚ ਹੋਈ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਵਿਚ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਤਾਗੱਦੀ ਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਦੇ ਸਮਾਗਮਾਂ ਦੀ ਰੂਪ ਰੇਖਾ ਉਲੀਕਣ ਦੇ ਨਾਲ-ਨਾਲ ਧਰਮ ਪ੍ਰਚਾਰ

ਲਹਿਰ ਨੂੰ ਹੋਰ ਤੇਜ਼ ਕਰਨ ਸਬੰਧੀ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ 450 ਸਾਲਾ ਸ਼ਤਾਬਦੀਆਂ ਸਬੰਧੀ ਲੋਗੋ ਅਤੇ ਹੋਰ ਸਮੱਗਰੀ ਵੀ ਜਾਰੀ ਕੀਤੀ ਗਈ । ਇਕੱਤਰਤਾ ਮਗਰੋਂ ਗੱਲਬਾਤ ਕਰਦਿਆਂ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸਤੰਬਰ ਮਹੀਨੇ ਦੋ ਸ਼ਤਾਬਦੀਆਂ ਵੱਡੇ ਪੱਧਰ ’ਤੇ ਮਨਾਈਆਂ ਜਾਣੀਆਂ ਨੇ, ਜਿਸ ਦੀਆਂ ਤਿਆਰੀ ਮੁਕੰਮਲ ਹੋ ਗਈਆਂ ਨੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਤਾਬਦੀਆਂ ਨੂੰ ਸਮਰਪਿਤ ਧਰਮ ਪ੍ਰਚਾਰ ਲਹਿਰ ਨੂੰ ਹੋਰ ਤੇਜ ਕੀਤਾ ਜਾ ਰਿਹਾ ਏ ਅਤੇ ਪ੍ਰਚਾਰਕ ਜਥਿਆਂ ਵੱਲੋਂ ਪਿੰਡ-ਪਿੰਡ ਤੱਕ ਪਹੁੰਚ ਕਰਕੇ ਗੁਰਮਤਿ ਕੈਂਪ ਲਗਾ ਕੇ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ ਜਾ ਰਿਹਾ ਏ।

---

<u>**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੀ ਐਮ ਕਿਸਾਨ ਸੰਮਾਨ ਨਿਧੀ ਤਹਿਤ ਕੋਈ 9 ਕਰੋੜ 26 ਲੱਖ ਲਾਭਪਾਤਰੀ ਕਿਸਾਨਾਂ ਨੂੰ 20 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ 17ਵੀਂ ਕਿਸ਼ਤ ਜਾਰੀ ਕੀਤੀ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਨੁਸਾਰ ਸੂਬੇ ਵਿੱਚੋਂ ਨਸ਼ੇ ਦੇ ਸਰਾਪ ਦੇ ਖ਼ਾਤਮੇ ਲਈ ਸਰਕਾਰ ਨੇ ਬਹੁ-ਦਿਸ਼ਾਵੀ ਰਣਨੀਤੀ ਉਲੀਕੀ ਏ।
- ਮੌਸਮ ਵਿਭਾਗ ਨੇ 13 ਜ਼ਿਲ੍ਹਿਆਂ ਵਿੱਚ ਹੀਟ ਵੇਵ ਦਾ ਆਰੇਂਜ ਅਲਰਟ ਅਤੇ 10 ਜ਼ਿਲ੍ਹਿਆਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਏ।